ਬਿਲਾਵਲੁ ਮਹਲਾ ੫ ॥
bilaaval mehalaa 5 |
Bilaaval, Fifth Mehl:

ਗੁਰਿ ਪੂਰੈ ਮੇਰੀ ਰਾਖਿ ਲਈ ॥
gur poorai maeree raakh lee |
The Perfect Guru has has saved me.
ਹੇ ਭਾਈ! (ਵਿਕਾਰਾਂ ਦੇ ਟਾਕਰੇ ਤੇ) ਪੂਰੇ ਗੁਰੂ ਨੇ ਮੇਰੀ ਇੱਜ਼ਤ ਰੱਖ ਲਈ ਹੈ ।

ਅੰਮ੍ਰਿਤ ਨਾਮੁ ਰਿਦੇ ਮਹਿ ਦੀਨੋ ਜਨਮ ਜਨਮ ਕੀ ਮੈਲੁ ਗਈ ॥੧॥ ਰਹਾਉ ॥
anmrith naam ridhae mehi dheeno janam janam kee mail gee |1| rehaao |
He has enshrined the Ambrosial Name of the Lord within my heart, and the filth of countless incarnations has been washed away. ||1||Pause||
ਗੁਰੂ ਨੇ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਮੇਰੇ ਹਿਰਦੇ ਵਿਚ ਵਸਾ ਦਿੱਤਾ ਹੈ, (ਉਸ ਨਾਮ ਦੀ ਬਰਕਤਿ ਨਾਲ) ਅਨੇਕਾਂ ਜਨਮਾਂ ਦੇ ਕੀਤੇ ਕਰਮਾਂ ਦੀ ਮੈਲ ਮੇਰੇ ਮਨ ਵਿਚੋਂ ਦੂਰ ਹੋ ਗਈ ਹੈ ।੧।ਰਹਾਉ।

ਨਿਵਰੇ ਦੂਤ ਦੁਸਟ ਬੈਰਾਈ ਗੁਰ ਪੂਰੇ ਕਾ ਜਪਿਆ ਜਾਪੁ ॥
nivarae dhooth dhusatt bairaaee gur poorae kaa japiaa jaap |
The demons and wicked enemies are driven out, by meditating, and chanting the Chant of the Perfect Guru.
ਹੇ ਭਾਈ! ਪੂਰੇ ਗੁਰੂ ਦਾ ਦੱਸਿਆ ਹੋਇਆ ਹਰਿ-ਨਾਮ ਦਾ ਜਾਪ ਜਦੋਂ ਤੋਂ ਮੈਂ ਜਪਣਾ ਸ਼ੁਰੂ ਕੀਤਾ ਹੈ, (ਕਾਮਾਦਿਕ) ਸਾਰੇ ਵੈਰੀ ਦੁਰਜਨ ਨੱਸ ਗਏ ਹਨ ।

ਕਹਾ ਕਰੈ ਕੋਈ ਬੇਚਾਰਾ ਪ੍ਰਭ ਮੇਰੇ ਕਾ ਬਡ ਪਰਤਾਪੁ ॥੧॥
kehaa karai koee baechaaraa prabh maerae kaa badd parathaap |1|
What can any wretched creature do to me? The radiance of my God is gloriously great. ||1||
ਮੇਰੇ ਪ੍ਰਭੂ ਦੀ ਬੜੀ ਤਾਕਤ ਹੈ, ਹੁਣ (ਇਹਨਾਂ ਵਿਚੋਂ) ਕੋਈ ਭੀ ਮੇਰਾ ਕੁਝ ਵਿਗਾੜ ਨਹੀਂ ਸਕਦਾ ।੧।

ਸਿਮਰਿ ਸਿਮਰਿ ਸਿਮਰਿ ਸੁਖੁ ਪਾਇਆ ਚਰਨ ਕਮਲ ਰਖੁ ਮਨ ਮਾਹੀ ॥
simar simar simar sukh paaeiaa charan kamal rakh man maahee |
Meditating, meditating, meditating in remembrance, I have found peace; I have enshrined His Lotus Feet within my mind.
(ਹੇ ਭਾਈ! ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦੇ ਸੋਹਣੇ ਚਰਨ) ਮੇਰੇ ਮਨ ਵਿਚ ਆਸਰਾ ਬਣ ਗਏ ਹਨ, ਉਸ ਦਾ ਨਾਮ (ਹਰ ਵੇਲੇ) ਸਿਮਰ ਸਿਮਰ ਕੇ ਮੈਂ ਆਤਮਕ ਆਨੰਦ ਪ੍ਰਾਪਤ ਕੀਤਾ ਹੈ ।

ਤਾ ਕੀ ਸਰਨਿ ਪਰਿਓ ਨਾਨਕ ਦਾਸੁ ਜਾ ਤੇ ਊਪਰਿ ਕੋ ਨਾਹੀ ॥੨॥੧੨॥੯੮॥
thaa kee saran pariou naanak dhaas jaa thae oopar ko naahee |2|12|98|
Slave Nanak has entered His Sanctuary; there is none above Him. ||2||12||98||
ਹੇ ਭਾਈ! (ਪ੍ਰਭੂ ਦਾ) ਦਾਸ ਨਾਨਕ ਉਸ (ਪ੍ਰਭੂ) ਦੀ ਸਰਨ ਪੈ ਗਿਆ ਹੈ ਜਿਸ ਤੋਂ ਵੱਡਾ ਹੋਰ ਕੋਈ ਨਹੀਂ ।੨।੧੨।੯੮।

Created By SikhiToTheMAX II